**Vigilance Bureau Punjab**

# VIGILANCE NABS PSPCL EMPLOYEE TAKING BRIBE

Chandigarh September 5: State Vigilance Bureau today arrested meter reader of PSPCL for taking bribe of Rs. 7,000.

Disclosing this here an official spokesperson of the Vigilance Bureau said meter reader Jaspal Singh posted at PSPCL sub-division Dharmkot, Moga district was arrested on the complaint of Gursewak Singh of Village Jindra, district Moga.

The complaint has approached the VB and alleged that the above said meter reader was demanding Rs. 15,000 for facilitating to get clearance report from the laboratory regarding his domestic meter which got burnt at his house.

After verifying his information, a Vigilance team laid a trap and the accused meter reader was arrested on the spot while accepting bribe of Rs. 7,000 of first installment from the complainant in the presence of two official witnesses.

He informed that a case under of Prevention of Corruption Act has been registered against the accused at VB police station Ferozepur and further investigation was under progress.

----------------

# ਵਿਜੀਲੈਂਸ ਬਿਓਰੋ ਪੰਜਾਬ

# ਵਿਜੀਲੈਂਸ ਵੱਲੋਂ ਬਿਜਲੀ ਨਿਗਮ ਦਾ ਮੀਟਰ ਰੀਡਰ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ

ਚੰਡੀਗੜ੍ਹ 5 ਸਤੰਬਰ: ਪੰਜਾਬ ਵਿਜੀਲੈਂਸ ਬਿਊਰੋ ਨੇ ਪੀ.ਐਸ.ਪੀ.ਸੀ.ਐਲ ਸਬ ਡਵੀਜਨ ਧਰਮਕੋਟ ਜਿਲਾ ਮੋਗਾ ਵਿਖੇ ਤਾਇਨਾਤ ਮੀਟਰ ਰੀਡਰ ਨੂੰ 7,000 ਰੁਪਏ ਦੀ ਰਿਸ਼ਵਤ ਲੈਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਮੀਟਰ ਰੀਡਰ ਜਸਪਾਲ ਸਿੰਘ ਨੂੰ ਸ਼ਿਕਾਇਤਕਰਤਾ ਗੁਰਸੇਵਕ ਸਿੰਘ ਵਾਸੀ ਪਿੰਡ ਜੀਂਦੜਾ, ਜਿਲਾ ਮੋਗਾ ਦੀ ਸ਼ਿਕਾਇਤ ’ਤੇ 7,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੇ ਘਰ ਦੇ ਸੜੇ ਬਿਜਲੀ ਦੇ ਮੀਟਿਰ ਦੀ ਲੈਬਾਰਟਰੀ ਵਿਚੋਂ ਰਿਪੋਰਟ ਉਸ ਦੇ ਹੱਕ ਵਿਚ ਕਰਾਉਣ ਬਦਲੇ 15,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਜੇ.ਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਦੇ 7,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਫਿਰੋਜਪੁਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।